# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ, ਐਸ. ਏ. ਐਸ. ਨਗਰ।
## ( ਪ੍ਰਮੋਸ਼ਨ ਸੈਲ )

## ਨੋਟਿਸ

ਮਿਤੀ 17.07.2023

1.0 ਮਾਸਟਰ ਕਾਡਰ ਦੀ ਸੀਨੀਆਰਤਾ ਮਿਤੀ 19.06.2019 ਮਾਨਯੋਗ ਪੰਜਾਬ ਹਰਿਆਣਾ ਹਾਈ ਕੋਰਟ ਵੱਲੋਂ ਸਿ.ਰਿ.ਪ. 28434 ਆਫ 2019 ਹਰਭਜਨ ਸਿੰਘ ਅਤੇ ਹੋਰ ਬਨਾਮ ਪੰਜਾਬ ਸਰਕਾਰ ਅਤੇ ਹੋਰ ਕਨੈਕਟਡ ਕੇਸਾਂ ਵਿੱਚ ਦਿੱਤੇ ਗਏ ਫੈਸਲੇ ਮਿਤੀ 15.02.2023 ਅਨੁਸਾਰ ਖਾਰਜ ਕਰ ਦਿੱਤੀ ਗਈ ਹੈ।

2.0 ਵਿਭਾਗ ਵੱਲੋਂ ਮਾਸਟਰ ਕਾਡਰ ਦੀ ਆਰਜੀ ਸੀਨੀਆਰਤਾ ਸੂਚੀ ਨੂੰ ਸੋਧਣ ਹਿੱਤ ਵੱਖ ਵੱਖ ਸਮੇਂ ਤੇ ਅਪਲੋਡ ਕੀਤੇ ਨੋਟਿਸ ਮਿਤੀ 07.07.2023, 10.07.2023 ਅਤੇ 12.07.2023 ਦੀ ਲਗਾਤਾਰਤਾ ਵਿੱਚ ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਪੰਜਾਬ ਨੂੰ ਲਿਖਿਆ ਜਾਂਦਾ ਹੈ ਕਿ ਉਹ ਆਪਣੇ ਅਧੀਨ ਆਉਂਦੇ ਸਮੂਹ ਮੁਖੀਆਂ ਨੂੰ ਹਦਾਇਤ ਕਰਨ ਕਿ ਮਾਸਟਰ ਕਾਡਰ ਦੀ ਸੀਨੀਆਰਤਾ ਇਕ ਮੂਲ ਸੀਨੀਆਰਤਾ ਹੈ ਇਸ ਲਈ ਉਹ ਸੁਨਿਸ਼ਚਤ ਕਰਦੇ ਹੋਏ ਲੇਖਾ ਰੱਖਣਗੇ ਕਿ ਉਨ੍ਹਾਂ ਦੀ ਸੰਸਥਾ ਦੇ ਰਿਕਾਰਡ ਅਨੁਸਾਰ ਵੱਖ ਵੱਖ ਪੜ੍ਹਾਅ ਤਹਿਤ ਕਿੰਨੇ ਅਧਿਕਾਰੀ/ਕਰਮਚਾਰੀ/ਰਿਟਾਇਰੀ ਉਨ੍ਹਾਂ ਦੇ ਸਕੂਲ ਵਿੱਚ ਆਪਣੀ ਸੇਵਾਵਾਂ ਦੇ ਚੁੱਕੇ ਸਨ ਅਤੇ ਉਨ੍ਹਾਂ ਵਿੱਚੋਂ ਕਿੰਨੀਆਂ ਦਾ ਰਿਕਾਰਡ ਯੋਗ ਪ੍ਰਣਾਲੀ ਰਾਹੀ ਨਿਰਧਾਰਿਤ ਸ਼ਡਿਊਲ ਅਨੁਸਾਰ ਮੁੱਖ ਦਫਤਰ ਭੇਜਿਆ ਜਾ ਚੁੱਕਿਆ ਹੈ। ਮੁੱਖ ਦਫਤਰ ਵੱਲੋਂ ਕਿਸੇ ਵੀ ਸਮੇਂ ਕਿਸੇ ਵੀ ਜਿਲ੍ਹੇ ਦਾ ਸਕੂਲ ਦਾ ਅਸਲ ਰਿਕਾਰਡ ਮੰਗਿਆ ਜਾ ਸਕਦਾ ਹੈ।

3.0 ਪੈਰਾ ਨੰ 2.0 ਦੀ ਲਗਾਤਾਰਤਾ ਵਿੱਚ ਜਿਨ੍ਹਾਂ ਅਧਿਕਾਰੀ/ਕਰਮਚਾਰੀ/ਰਿਟਾਇਰੀ ਵੱਲੋਂ ਮਾਸਟਰ ਕਾਡਰ ਦੀ ਸੀਨੀਆਰਤਾ ਦੇ ਸਬੰਧ ਵਿੱਚ ਇਤਰਾਜ ਦੇ ਦਿੱਤਾ ਗਿਆ ਹੈ, ਉਨ੍ਹਾਂ ਤੋਂ ਇਲਾਵਾ ਦਸੰਬਰ 1990 ਤੱਕ ਨਿਯੁਕਤ ਹੋਏ ਜੇਕਰ ਕੋਈ ਅਧਿਕਾਰੀ/ਕਰਮਚਾਰੀ/ਰਿਟਾਇਰੀ ਉਨ੍ਹਾਂ ਦੇ ਸਕੂਲ ਵਿੱਚ ਆਪਣੀ ਸੇਵਾਵਾਂ ਦੇ ਚੁੱਕੇ ਸਨ, ਦਾ ਵੀ ਰਿਕਾਰਡ ਇਸ ਦਫਤਰ ਦੇ ਪੱਤਰ ਮਿਤੀ 10.07.2013 ਰਾਹੀਂ ਜਾਰੀ ਕੀਤੇ ਗਏ ਪ੍ਰੋਫਾਰਮੇ ਅਨੁਸਾਰ ਭਰ ਕੇ ਭੇਜਣਗੇ।

4.0 ਜੇਕਰ ਕਿਸੇ ਕਰਮਚਾਰੀ/ਅਧਿਕਾਰੀ/ਰਿਟਾਇਰੀ ਦੀ ਸੇਵਾਵਾਂ ਬਰਖਾਸਤ ਹੋ ਗਈਆਂ ਹਨ, ਗੈਰ-ਹਾਜਰ ਹਨ, ਅਸਤੀਫਾ ਦੇ ਚੁੱਕੇ ਹਨ ਜਾਂ ਮੌਤ ਹੋ ਚੁੱਕੀ ਹੈ ਤਾਂ ਉਸ ਸਬੰਧ ਵਿੱਚ ਸਕੂਲ ਮੁਖੀ ਸਬੰਧਤ ਦੀ ਸੇਵਾਪੱਤਰੀ ਅਤੇ ਨਿੱਜੀ ਮਿਸਲ ਵਿੱਚੋ ਨਿਯੁਕਤੀ ਪੱਤਰ, ਹਾਜਰੀ ਰਿਪੋਰਟ ਦੀ ਕਾਪੀ ਅਤੇ ਹੋਰ ਦਸਤਾਵੇਜ ਸਮੇਤ ਨਿਰਧਾਰਿਤ ਪ੍ਰੋਫਾਰਮੇ ਅਨੁਸਾਰ ਵਿਸ਼ੇਸ਼ ਉਪਰਾਲੇ ਕਰਦੇ ਹੋਏ ਯੋਗ ਪ੍ਰਣਾਲੀ ਰਾਹੀਂ ਵਿਭਾਗ ਵਿੱਚ ਭੇਜਣਗੇ। ਇਸ ਸਬੰਧ ਵਿੱਚ ਸਬੰਧਤ ਸਕੂਲ ਮੁਖੀ ਇਹ ਤਸਦੀਕ ਕਰਦੇ ਹੋਏ ਸਰਟੀਫਿਕੇਟ ਜਾਰੀ ਕਰਨਾ ਯਕੀਨੀ ਬਣਾਉਣਗੇ ਕਿ ਉਨ੍ਹਾਂ ਦੀ ਸੰਸਥਾਂ ਵਿੱਚ ਨੋਟਿਸ ਅਨੁਸਾਰ ਕੋਈ ਵੀ ਕੇਸ ਵਿਭਾਗ ਦੇ ਧਿਆਨ ਵਿੱਚ ਲਿਆਉਣ ਤੋਂ ਨਹੀਂ ਰਹਿੰਦਾ।

5.0 ਇਥੇ ਇਹ ਵੀ ਸਪਸ਼ਟ ਕਰ ਦਿੱਤਾ ਜਾਂਦਾ ਹੈ ਕਿ ਮਾਸਟਰ ਕਾਡਰ ਦੀ ਸੀਨੀਆਰਤਾ ਸੂਚੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਅਨੁਸਾਰ ਮੁੜ ਸੋਧੀ ਜਾ ਰਹੀ ਹੈ, ਜੇਕਰ ਰਿਕਾਰਡ ਅਨੁਸਾਰ ਕਿਸੇ ਕਿਸਮ ਦੀ ਕੋਈ ਅਣਗਹਿਲੀ ਨਾਲ ਕਰਮਚਾਰੀ/ਅਧਿਕਾਰੀ/ਰਿਟਾਇਰੀ ਦੇ ਵੇਰਵੇ ਦੀ ਪੁਸ਼ਟੀ ਗਲਤ ਕੀਤੀ ਜਾਂਦੀ ਹੈ ਤਾਂ ਇਸ ਸੂਰਤ ਵਿੱਚ ਸਬੰਧਤ ਸਕੂਲ ਮੁਖੀ ਅਤੇ ਕਲਰਕ ਵਿਰੁੱਧ ਪੰਜਾਬ ਸਿਵਲ ਸੇਵਾਵਾਂ (ਸਜਾ ਤੇ ਅਪੀਲ) ਨਿਯਮਾਂਵਲੀ 1970 ਅਧੀਨ ਵਿਭਾਗੀ ਕਾਰਵਾਈ ਆਰੰਭ ਦਿੱਤੀ ਜਾਵੇਗੀ।

17/07/2023

ਸਹਾਇਕ ਡਾਇਰੈਕਟਰ ਸਕੂਲ ਐਜੂਕੇਸ਼ਨ